ਸਿਰੀਰਾਗੁ ਮਹਲਾ ੪ ॥ ਨਾਮੁ ਮਿਲੈ ਮਨੁ ਤ੍ਰਿਪਤੀਐ ਬਿਨੁ ਨਾਮੈ ਧ੍ਰਿਗੁ ਜੀਵਾਸੁ ॥ ਕੋਈ ਗੁਰਮੁਖਿ ਸਜਣੁ ਜੇ ਮਿਲੈ ਮੈ ਦਸੇ ਪ੍ਰਭੁ ਗੁਣਤਾਸੁ ॥ ਹਉ ਤਿਸੁ ਵਿਟਹੁ ਚਉ ਖੰਨੀਐ ਮੈ ਨਾਮ ਕਰੇ ਪਰਗਾਸੁ ॥੧॥ ਮੇਰੇ ਪ੍ਰੀਤਮਾ ਹਉ ਜੀਵਾ ਨਾਮੁ ਧਿਆਇ ॥ ਬਿਨੁ ਨਾਵੈ ਜੀਵਣੁ ਨਾ ਥੀਐ ਮੇਰੇ ਸਤਿਗੁਰ ਨਾਮੁ ਦ੍ਰਿੜਾਇ ॥੧॥ ਰਹਾਉ ॥ ਨਾਮੁ ਅਮੋਲਕੁ ਰਤਨੁ ਹੈ ਪੂਰੇ ਸਤਿਗੁਰ ਪਾਸਿ ॥ ਸਤਿਗੁਰ ਸੇਵੈ ਲਗਿਆ ਕਢਿ ਰਤਨੁ ਦੇਵੈ ਪਰਗਾਸਿ ॥ ਧੰਨੁ ਵਡਭਾਗੀ ਵਡ ਭਾਗੀਆ ਜੋ ਆਇ ਮਿਲੇ ਗੁਰ ਪਾਸਿ ॥ ੨॥ ਜਿਨਾ ਸਤਿਗੁਰੁ ਪੁਰਖੁ ਨ ਭੇਟਿਓ ਸੇ ਭਾਗਹੀਣ ਵਸਿ ਕਾਲ ॥ ਓਇ ਫਿਰਿ ਫਿਰਿ ਜੋਨਿ ਭਵਾਈਅਹਿ ਵਿਚਿ ਵਿਸਟਾ ਕਰਿ ਵਿਕਰਾਲ ॥ ਓਨਾ ਪਾਸਿ ਦੁਆਸਿ ਨ ਭਿਟੀਐ ਜਿਨ ਅੰਤਰਿ ਕ੍ਰੋਧੁ ਚੰਡਾਲ ॥੩॥ ਸਤਿਗੁਰੁ ਪੁਰਖੁ ਅੰਮ੍ਰਿਤ ਸਰੁ ਵਡਭਾਗੀ ਨਾਵਹਿ ਆਇ ॥ ਉਨ ਜਨਮ ਜਨਮ ਕੀ ਮੈਲੁ ਉਤਰੈ ਨਿਰਮਲ ਨਾਮੁ ਦ੍ਰਿੜਾਇ ॥ ਜਨ ਨਾਨਕ ਉਤਮ ਪਦੁ ਪਾਇਆ ਸਤਿਗੁਰ ਕੀ ਲਿਵ ਲਾਇ ॥੪॥੨॥੬੬॥ {ਪੰਨਾ 40}

ਪਦਅਰਥ:- ਤ੍ਰਿਪਤੀਐ—ਤ੍ਰਿਪਤ ਹੋ ਜਾਂਦਾ ਹੈ, ਮਾਇਆ ਦੀ ਤ੍ਰਿਸ਼ਨਾ ਵਲੋਂ ਰੱਜ ਜਾਂਦਾ ਹੈ। ਧ੍ਰਿਗੁ—ਫਿਟਕਾਰ-ਜੋਗ। ਜੀਵਾਸੁ—{jIvn-Aw_X} ਜੀਵਨ ਦਾ ਮਨੋਰਥ, ਜੀਊਣਾ। ਮੈ—ਮੈਨੂੰ। ਗੁਣਤਾਸ—ਗੁਣਾਂ ਦਾ ਖ਼ਜ਼ਾਨਾ। ਵਿਟਹੁ—ਤੋਂ। ਚਉ ਖੰਨੀਐ—ਚਾਰ ਟੋਟੇ ਹੁੰਦਾ ਹਾਂ। ਨਾਮ ਪਰਗਾਸੁ—ਨਾਮ ਦਾ ਚਾਨਣ।1।

ਹਉ—ਮੈਂ। ਜੀਵਾ—ਜੀਵਾਂ, ਆਤਮਕ ਜੀਵਨ ਹਾਸਲ ਕਰ ਲੈਂਦਾ ਹਾਂ। ਥੀਐ—ਹੋ ਸਕਦਾ। ਜੀਵਣੁ—ਆਤਮਕ ਜੀਵਨ। ਸਤਿਗੁਰ—ਹੇ ਸਤਿਗੁਰ! ਦ੍ਰਿੜਾਇ—ਹਿਰਦੇ ਵਿਚ ਪੱਕਾ ਕਰ ਕੇ।1। ਰਹਾਉ।

ਅਮੋਲਕੁ—ਜਿਸ ਦਾ ਮੁੱਲ ਨਾਹ ਪੈ ਸਕੇ, ਜਿਸ ਜਿਹੀ ਕੀਮਤੀ ਸ਼ੈ ਹੋਰ ਕੋਈ ਨਾਹ ਹੋਵੇ। ਕਢਿ—ਕੱਢ ਕੇ। ਪਰਗਾਸਿ—ਪਰਕਾਸ਼ ਕਰ ਕੇ, ਆਤਮਕ ਚਾਨਣ ਕਰ ਕੇ। ਧੰਨੁ—ਸ਼ਲਾਘਾ-ਜੋਗ।1।

ਜਿਨਾ—ਜਿਨ੍ਹਾਂ ਨੂੰ। ਭੇਟਿਓ—ਮਿਲਿਆ। ਵਸਿ ਕਾਲ—ਕਾਲ ਦੇ ਵੱਸ ਵਿਚ, ਆਤਮਕ ਮੌਤ ਦੇ ਕਾਬੂ ਵਿਚ। ਓਇ—ਉਹ ਬੰਦੇ (ਲਫ਼ਜ਼ 'ਓਇ' ਲਫ਼ਜ਼ 'ਓਹੁ' ਤੋਂ ਬਹੁ-ਵਚਨ ਹੈ)। ਭਵਾਈਅਹਿ—ਭਵਾਏ ਜਾਂਦੇ ਹਨ। ਵਿਸਟਾ—ਵਿਕਾਰਾਂ ਦਾ ਗੰਦ। ਵਿਕਰਾਲ—ਡਰਾਉਣੇ (ਜੀਵਨ ਵਾਲੇ)। ਪਾਸਿ ਦੁਆਸਿ—ਨੇੜੇ ਤੇੜੇ। ਨ ਭਿਟੀਐ—ਨਾਹ ਛੁਹੀਏ, ਨਾਹ ਢੁੱਕੀਏ।3।

ਅੰਮ੍ਰਿਤਸਰੁ—ਨਾਮੁ-ਅੰਮ੍ਰਿਤ ਦਾ ਸਰੋਵਰ। ਆਇ—ਆ ਕੇ। ਦ੍ਰਿੜਾਇ—ਹਿਰਦੇ ਵਿਚ ਪੱਕਾ ਕਰ ਕੇ। ਪਦੁ—ਆਤਮਕ ਜੀਵਨ ਦਾ ਦਰਜਾ। ਲਿਵ ਲਾਇ—ਸੁਰਤਿ ਜੋੜ ਕੇ, ਧਿਆਨ ਧਰ ਕੇ।4।

ਅਰਥ:- ਹੇ ਮੇਰੇ ਪ੍ਰੀਤਮ-ਪ੍ਰਭੂ! ਤੇਰਾ ਨਾਮ ਸਿਮਰ ਕੇ ਹੀ ਮੈਂ ਆਤਮਕ ਜੀਵਨ ਜੀਊ ਸਕਦਾ ਹਾਂ। ਹੇ ਮੇਰੇ ਸਤਿਗੁਰੂ! (ਮੇਰੇ ਹਿਰਦੇ ਵਿਚ ਪਰਮਾਤਮਾ ਦਾ) ਨਾਮ ਪੱਕਾ ਕਰ ਦੇ (ਕਿਉਂਕਿ) ਪ੍ਰਭੂ-ਨਾਮ ਤੋਂ ਬਿਨਾ ਆਤਮਕ ਜੀਵਨ ਨਹੀਂ ਬਣ ਸਕਦਾ।1। ਰਹਾਉ।

(ਜਿਸ ਮਨੁੱਖ ਨੂੰ ਪਰਮਾਤਮਾ ਦਾ) ਨਾਮ ਮਿਲ ਜਾਂਦਾ ਹੈ (ਉਸ ਦਾ) ਮਨ (ਮਾਇਆ ਦੀ ਤ੍ਰਿਸ਼ਨਾ ਵਲੋਂ) ਰਜ ਜਾਂਦਾ ਹੈ। ਨਾਮ ਤੋਂ ਸੁੰਞਾ ਜੀਊਣਾ ਫਿਟਕਾਰ-ਜੋਗ ਹੈ (ਨਾਮ ਤੋਂ ਖ਼ਾਲੀ ਰਹਿ ਕੇ ਜ਼ਿੰਦਗੀ ਦੇ ਗੁਜ਼ਾਰਿਆਂ ਫਿਟਕਾਰਾਂ ਹੀ ਪੈਂਦੀਆਂ ਹਨ)। ਜੇ ਗੁਰੂ ਦੇ ਸਨਮੁਖ ਰਹਿਣ ਵਾਲਾ ਕੋਈ ਭਲਾ ਮਨੁੱਖ ਮੈਨੂੰ ਮਿਲ ਪਵੇ, ਤੇ ਮੈਨੂੰ ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਦੀ ਦੱਸ ਪਾ ਦੇਵੇ, ਮੇਰੇ ਅੰਦਰ ਪ੍ਰਭੂ ਨਾਮ ਦਾ ਚਾਨਣ ਕਰ ਦੇਵੇ, ਮੈਂ ਉਸ ਤੋਂ ਕੁਰਬਾਨ ਹੋਣ ਨੂੰ ਤਿਆਰ ਹਾਂ।1।

ਪਰਮਾਤਮਾ ਦਾ ਨਾਮ ਇਕ ਐਸਾ ਰਤਨ ਹੈ, ਜਿਸ ਜਿਹੀ ਕੀਮਤੀ ਸ਼ੈ ਹੋਰ ਕੋਈ ਨਹੀਂ ਹੈ, ਇਹ ਨਾਮ ਪੂਰੇ ਗੁਰੂ ਦੇ ਪਾਸ ਹੀ ਹੈ। ਜੇ ਗੁਰੂ ਦੀ ਦੱਸੀ ਸੇਵਾ ਵਿਚ ਲੱਗ ਜਾਈਏ, ਤਾਂ ਉਹ ਹਿਰਦੇ ਵਿਚ ਗਿਆਨ ਦਾ ਚਾਨਣ ਕਰ ਕੇ (ਆਪਣੇ ਪਾਸੋਂ ਨਾਮ-) ਰਤਨ ਕੱਢ ਕੇ ਦੇਂਦਾ ਹੈ। (ਇਸ ਵਾਸਤੇ) ਉਹ ਮਨੁੱਖ ਭਾਗਾਂ ਵਾਲੇ ਹਨ, ਬੜੇ ਭਾਗਾਂ ਵਾਲੇ ਹਨ, ਸ਼ਲਾਘਾ-ਜੋਗ ਹਨ, ਜੇਹੜੇ ਆ ਕੇ ਗੁਰੂ ਦੀ ਸਰਨ ਪੈਂਦੇ ਹਨ।2।

(ਪਰ) ਜਿਨ੍ਹਾਂ ਮਨੁੱਖਾਂ ਨੂੰ ਅਕਾਲ-ਪੁਰਖ ਦਾ ਰੂਪ ਸਤਿਗੁਰੂ ਕਦੇ ਨਹੀਂ ਮਿਲਿਆ, ਉਹ ਮੰਦ-ਭਾਗੀ ਹਨ ਉਹ ਆਤਮਕ ਮੌਤ ਦੇ ਵੱਸ ਵਿਚ ਰਹਿੰਦੇ ਹਨ। ਉਹ ਵਿਕਾਰਾਂ ਦੇ ਗੰਦ ਵਿਚ ਪਏ ਰਹਿਣ ਦੇ ਕਾਰਨ ਭਿਆਨਕ ਆਤਮਕ ਜੀਵਨ ਵਾਲੇ ਬਣਾ ਕੇ ਮੁੜ ਮੁੜ ਜਨਮ-ਮਰਨ ਦੇ ਗੇੜ ਵਿਚ ਪਾਏ ਜਾਂਦੇ ਹਨ। (ਹੇ ਭਾਈ! ਨਾਮ ਤੋਂ ਸੱਖਣੇ) ਜਿਨ੍ਹਾਂ ਮਨੁੱਖਾਂ ਦੇ ਅੰਦਰ ਚੰਡਾਲ ਕ੍ਰੋਧ ਵੱਸਦਾ ਰਹਿੰਦਾ ਹੈ ਉਹਨਾਂ ਦੇ ਕਦੇ ਨੇੜੇ ਨਹੀਂ ਢੁੱਕਣਾ ਚਾਹੀਦਾ।3।

(ਪਰ ਇਹ ਵਿਕਾਰਾਂ ਦਾ ਗੰਦ, ਇਹ ਚੰਡਾਲ ਕ੍ਰੋਧ ਆਦਿਕ ਦਾ ਪ੍ਰਭਾਵ ਤੀਰਥਾਂ ਤੇ ਨ੍ਹਾਤਿਆਂ ਦੂਰ ਨਹੀਂ ਹੋ ਸਕਦਾ) ਅਕਾਲ-ਪੁਰਖ ਦਾ ਰੂਪ ਸਤਿਗੁਰੂ ਹੀ ਅੰਮ੍ਰਿਤ ਦਾ ਸਰੋਵਰ ਹੈ। ਜੇਹੜੇ ਬੰਦੇ ਇਸ ਤੀਰਥ ਉੱਤੇ ਆ ਕੇ ਇਸ਼ਨਾਨ ਕਰਦੇ ਹਨ ਉਹ ਵੱਡੇ ਭਾਗਾਂ ਵਾਲੇ ਹਨ, (ਗੁਰੂ ਦੀ ਸਰਨ ਪੈ ਕੇ) ਪਵਿਤ੍ਰ ਪ੍ਰਭੂ-ਨਾਮ ਹਿਰਦੇ ਵਿਚ ਪੱਕਾ ਕਰਨ ਦੇ ਕਾਰਨ ਉਹਨਾਂ (ਵਡ-ਭਾਗੀਆਂ) ਦੀ ਜਨਮਾਂ ਜਨਮਾਂਤਰਾਂ ਦੀ (ਵਿਕਾਰਾਂ ਦੀ) ਮੈਲ ਲਹਿ ਜਾਂਦੀ ਹੈ। ਹੇ ਦਾਸ ਨਾਨਕ! (ਆਖ—) ਸਤਿਗੁਰੁ ਦੀ ਸਿੱਖਿਆ ਵਿਚ ਸੁਰਤਿ ਜੋੜ ਕੇ ਉਹ ਮਨੁੱਖ ਸਭ ਤੋਂ ਸ੍ਰੇਸ਼ਟ ਆਤਮਕ ਜੀਵਨ ਦਾ ਦਰਜਾ ਹਾਸਲ ਕਰ ਲੈਂਦੇ ਹਨ।4।2। 66।